ਹੁਸ਼ਿਆਰਪੁਰ ਮੁਕੇਰੀਆਂ

ਅਜੀਤ, ਜਲੰਧਰ

ਅਜੀਤ

ਮੰਗਲਵਾਰ, 4 ਜਨਵਰੀ 2022

9

ਬਰਸੀ ਸਮਾਗਮ ਦੌਰਾਨ ਢਾਡੀ ਭਾਈ ਗੁਰਚਰਨ ਸਿੰਘ ਬੀ.ਏ. ਤੇ ਬਾਬਾ ਗੁਰਪ੍ਰੀਤ ਸਿੰਘ ਚੰਡੀਗੜ੍ਹ ਸੰਗਤਾਂ ਨੂੰ ਗੁਰੂ ਜਸ ਸਰਵਣ ਕਰਾਉਂਦੇ ਹੋਏ। ਤਸਵੀਰ : ਚੱਗਰ

ਬਾਬਾ ਹਰਨਾਮ ਸਿੰਘ ਰਾਮਪੁਰ ਖੇੜਾ ਦੀ ਬਰਸੀ ਸ਼ਰਧਾ ਨਾਲ ਮਨਾਈ

ਗੜ੍ਹਦੀਵਾਲਾ, 3 ਜਨਵਰੀ (ਚੱਗਰ)-ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਹਰਨਾਮ ਸਿੰਘ ਪਿੰਡ ਧੁੱਗਾ ਕਲਾਂ ਵਿਖੇ ਸੰਤ ਹਰਚਰਨ ਸਿੰਘ ਖ਼ਾਲਸਾ ਰਮਦਾਸਪੁਰ, ਗੁਰਦੁਆਰਾ ਗੁਰ ਸ਼ਬਦ ਪ੍ਰਕਾਸ਼ ਰਮਦਾਸਪੁਰ ਦੇ ਸਮੂਹ ਸੇਵਾਦਾਰਾਂ ਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸੰਤ ਬਾਬਾ ਹਰਨਾਮ ਸਿੰਘ ਰਾਮਪੁਰ ਖੇੜਾ ਦੀ 39ਵੀਂ ਬਰਸੀ ਸ਼ਰਧਾ ਨਾਲ ਮਨਾਈ ਗਈ, ਬਰਸੀ ਸੰਬੰਧੀ ਬੀਤੇ 5 ਦਿਨਾ ਤੋਂ ਚਲਿਆ ਆ ਰਿਹਾ ਸਮਾਗਮ ਸਮਾਪਤ ਹੋ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਦੇ ਆਖ਼ਰੀ ਲੜੀ ਦੇ ਭੋਗ ਉਪਰੰਤ ਸਜਾਏ ਗਏ ਦੀਵਾਨ ਵਿਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਤਜਿੰਦਰ ਸਿੰਘ ਖ਼ਾਲਸਾ, ਬੀਬੀ ਅੰਤਰਪ੍ਰੀਤ ਕੌਰ, ਬੀਬੀ ਗੁਰਮੰਤਰ ਕੌਰ ਤੇ ਬਾਬਾ ਗੁਰਪ੍ਰੀਤ ਸਿੰਘ ਚੰਡੀਗੜ੍ਹ ਆਦਿ ਨੇ ਗੁਰਬਾਣੀ ਦੇ ਮਨੋਹਰ ਕੀਰਤਨ ਤੇ ਕਥਾ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਜਦ ਕਿ ਨਾਮਵਰ ਢਾਡੀ ਭਾਈ ਗੁਰਚਰਨ ਸਿੰਘ ਬੀ.ਏ. ਪੰਜੋਖੜਾ ਸਾਹਿਬ ਨੇ ਸੰਗਤਾਂ ਨੂੰ ਢਾਡੀ ਵਾਰਾਂ ਰਾਹੀ ਗੁਰ ਇਤਿਹਾਸ ਨਾਲ ਜੋੜਿਆ। ਇਸ ਮੌਕੇ ਸਵਰਗੀ ਜਗਦੀਸ਼ ਕੌਰ ਅਤੇ ਸਵਰਗੀ ਨਰਿੰਦਰ ਸਿੰਘ ਦੀ ਯਾਦ ਵਿਚ ਮੋਹਣ ਸਿੰਘ ਧੁੱਗਾ ਅਤੇ ਉਨ੍ਹਾਂ ਦੇ ਪਰਿਵਾਰ ਵਲੋਂ ਗੁਰਦੁਆਰਾ ਸਾਹਿਬ ਨੂੰ ਐਂਬੂਲੈਂਸ ਵੀ ਭੇਟ ਕੀਤੀ ਗਈ। ਇਸ ਮੌਕੇ ਭਾਈ ਜਸਵਿੰਦਰ ਸਿੰਘ ਧੁੱਗਾ ਨੇ ਸਟੇਜ ਸਕੱਤਰ ਦੀ ਸੇਵਾ ਨਿਭਾਈ ਜਦ ਕਿ ਪ੍ਰਧਾਨ ਤਰਸੇਮ ਸਿੰਘ ਧੁੱਗਾ ਤੇ ਹੋਰ ਪ੍ਰਬੰਧਕਾਂ ਵਲੋਂ ਹਾਜ਼ਰ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਹੰਤ ਰਮਿੰਦਰ ਦਾਸ ਬਹਾਦਰਪੁਰ, ਸਾਬਕਾ ਮੁੱਖ ਸੰਸਦੀ ਸਕੱਤਰ ਦੇਸ ਰਾਜ ਸਿੰਘ ਧੁੱਗਾ, ਸੰਤ ਸਤਰੰਜਨ ਸਿੰਘ ਧੁੱਗਾ, ਬਾਬਾ ਅਵਤਾਰ ਸਿੰਘ ਭੀਖੋਵਾਲ, ਰਜਿੰਦਰ ਸਿੰਘ ਚੌਹਾਨ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਪ੍ਰਿੰਸੀਪਲ ਤਰਸੇਮ ਸਿੰਘ ਧੁੱਗਾ, ਭਾਈ ਹਜ਼ਾਰਾ ਸਿੰਘ ਭੀਖੋਵਾਲ, ਸੁਖਦੇਵ ਸਿੰਘ ਸਮਰਾ, ਮਾ. ਗੁਰਦੇਵ ਸਿੰਘ, ਜੀਵਨ ਸਿੰਘ ਬਾਹਲੇ, ਸੁਖਪਾਲ ਸਿੰਘ ਢੱਟ, ਪ੍ਰਿੰ. ਜਗਜੀਤ ਸਿੰਘ ਗੀਹਲ, ਪ੍ਰਿੰ. ਅਰਵਿੰਦਰ ਕੌਰ ਗਿੱਲ, ਮੈਡਮ ਦਲਵਿੰਦਰ ਕੌਰ ਸਹੋਤਾ, ਪ੍ਰਿੰ. ਦਰਸ਼ਨਾ ਕੌਸ਼ਲ, ਇਕਬਾਲ ਸਿੰਘ ਬਾਹਗਾ, ਬਖਤਾਵਰ ਸਿੰਘ ਢੱਟ, ਲੈਕ. ਬਲਕਾਰ ਸਿੰਘ, ਮਾ. ਸੰਦੀਪ ਸਿੰਘ ਢੱਟ, ਹਰਵਿੰਦਰ ਸਿੰਘ ਬਾਹਲਾ, ਕੈਪ. ਬਲਦੇਵ ਸਿੰਘ, ਹਰਭਜਨ ਸਿੰਘ, ਸਤਨਾਮ ਸਿੰਘ ਧੁੱਗਾ, ਬਲਬੀਰ ਸਿੰਘ, ਗੁਰਚਰਨ ਸਿੰਘ, ਬਲਬੀਰ ਸਿੰਘ, ਚਰਨਜੀਤ ਸਿੰਘ, ਮਨਪ੍ਰੀਤ ਸਿੰਘ, ਸੁਰਜੀਤ ਸਿੰਘ ਪ੍ਰਧਾਨ, ਪਰਮਜੀਤ ਸਿੰਘ, ਬਲਵੰਤ ਸਿੰਘ, ਡਾ. ਸਦਾ ਰਾਮ, ਹੀਰਾਪਾਲ ਸਿੰਘ, ਸੋਹਣ ਸਿੰਘ, ਅਮਰ ਸਿੰਘ, ਬਚਿੱਤਰ ਸਿੰਘ, ਵਿਜੈ ਸਿੰਘ, ਵਿੱਕੀ ਪੰਡਤ, ਦਿਲਬਾਗ ਸਿੰਘ, ਤਜਿੰਦਰ ਸਿੰਘ ਖ਼ਾਲਸਾ, ਤਰਲੋਕ ਸਿੰਘ, ਡਾ. ਕਰਮ ਸਿੰਘ ਜੌਹਲ, ਸਾਬਕਾ ਸਰਪੰਚ ਸੁਰਜੀਤ ਸਿੰਘ ਬਲਾਲਾ ਆਦਿ ਹਾਜ਼ਰ ਸਨ।

ਲੰਬੜਦਾਰ ਯੂਨੀਅਨ ਦੀ ਮੀਟਿੰਗ ਹੋਈ

ਮੁਕੇਰੀਆਂ, 3 ਜਨਵਰੀ (ਰਾਮਗੜ੍ਹੀਆ)- ਲੰਬੜਦਾਰ ਯੂਨੀਅਨ ਮੁਕੇਰੀਆਂ ਦੀ ਮੀਟਿੰਗ ਪ੍ਰਧਾਨ ਬੀਰ ਸਿੰਘ ਦੀ ਪ੍ਰਧਾਨਗੀ ਹੇਠ ਤਹਿਸੀਲ ਕੰਪਲੈਕਸ ਮੁਕੇਰੀਆਂ ਵਿਖੇ ਹੋਈ ਜਿਸ ਵਿਚ ਲੰਬੜਦਾਰਾਂ ਦੀਆਂ ਮੁਸ਼ਕਲਾਂ ਅਤੇ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰਧਾਨ ਬੀਰ ਸਿੰਘ ਨੇ ਕਿਹਾ ਕਿ ਜੇਕਰ ਸਰਕਾਰ ਲੰਬੜਦਾਰਾਂ ਦੀਆਂ ਮੰਗਾਂ ਨਹੀਂ ਮੰਨਦੀ ਤਾਂ ਚੋਣਾਂ ਵਿਚ ਯੂਨੀਅਨ ਵਲੋਂ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਐਸ.ਡੀ.ਐਮ. ਮੁਕੇਰੀਆਂ ਨੂੰ ਵੀ ਲੰਬੜਦਾਰਾਂ ਦੀਆਂ ਮੰਗਾਂ ਪੂਰੀਆਂ ਕਰਨ ਲਈ ਜਾਣੂੰ ਕਰਵਾਇਆ ਗਿਆ ਹੈ ਅਤੇ ਉਨ੍ਹਾਂ ਵਲੋਂ ਵੀ ਲੰਬੜਦਾਰਾਂ ਨੂੰ ਵਿਸ਼ਵਾਸ ਦਿਵਾਇਆ ਗਿਆ ਹੈ ਕਿ ਉਹ ਮੰਗਾਂ ਸਬੰਧੀ ਸਰਕਾਰ ਨੂੰ ਰਿਪੋਰਟ ਭੇਜ ਕੇ ਮੰਗਾਂ ਮੰਨਣ ਲਈ ਅਪੀਲ ਕਰਨਗੇ।

'ਆਪ' 'ਚ ਸ਼ਾਮਿਲ ਹੋਣ ਵਾਲੇ ਸਾਬਕਾ ਸਰਪੰਚ ਤੇ ਹੋਰਾਂ ਨੂੰ ਸਨਮਾਨਿਤ ਕਰਦੇ ਜਸਵੀਰ ਸਿੰਘ ਰਾਜਾ, ਚੌਧਰੀ ਰਾਜਵਿੰਦਰ ਸਿੰਘ, ਚੌਧਰੀ ਸੁਖਰਾਜ ਸਿੰਘ ਤੇ ਹੋਰ। ਤਸਵੀਰ: ਚੱਗਰ

ਇਮਾਨਦਾਰ ਲੋਕ 'ਆਪ' 'ਚ ਸ਼ਾਮਿਲ ਹੋ ਰਹੇ ਹਨ- ਰਾਜਾ

ਗੜ੍ਹਦੀਵਾਲਾ 3 ਜਨਵਰੀ (ਚੱਗਰ)- ਪਿੰਡ ਕੋਸੋਪੁਰ 'ਚ ਆਮ ਆਦਮੀ ਪਾਰਟੀ ਦੇ ਹਲਕਾ ਉੜਮੁੜ ਦੇ ਉਮੀਦਵਾਰ ਜਸਵੀਰ ਸਿੰਘ ਰਾਜਾ ਦੀ ਅਗਵਾਈ ਹੇਠ ਹੋਈ ਮੀਟਿੰਗ ਦੌਰਾਨ ਸਾਬਕਾ ਸਰਪੰਚ ਦੀਪ ਕੌਰ, ਜਗਤਾਰ ਸਿੰਘ ਤੇ ਹੋਰਾਂ ਨੇ 'ਆਪ' 'ਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਜਸਵੀਰ ਸਿੰਘ ਰਾਜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆ ਨੀਤੀਆਂ ਨੂੰ ਦੇਖਦੇ ਹੋਏ ਇੱਕ ਲੋਕ ਲਹਿਰ ਬਣ ਰਹੀ ਹੈ ਤੇ ਦੇਸ਼ ਨੂੰ ਪਿਆਰ ਕਰਨ ਵਾਲੇ ਈਮਾਨਦਾਰ ਲੋਕ 'ਆਪ' 'ਚ ਸ਼ਾਮਿਲ ਹੋ ਰਹੇ ਹਨ। ਉਨ੍ਹਾਂ ਪਾਰਟੀ 'ਚ ਸ਼ਾਮਿਲ ਹੋਣ ਵਾਲੇ ਇਲਾਕਾ ਵਾਸੀਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਚੌਧਰੀ ਰਾਜਵਿੰਦਰ ਰਾਜਾ, ਚੌਧਰੀ ਸੁਖਰਾਜ ਸਿੰਘ ਸਹੋਤਾ, ਹੈਪੀ ਕੋਸੋਪੁਰ, ਬਲਾਕ ਪ੍ਰਧਾਨ ਮਨਜੀਤ ਸਿੰਘ, ਗੁਰਮੀਤ ਸਿੰਘ, ਰੇਸ਼ਮ ਸਿੰਘ, ਤਾਜਕੁੰਵਰ ਸਿੰਘ, ਪ੍ਰਗਟ ਸਿੰਘ, ਸੇਵਾ ਸਿੰਘ, ਗਿਆਨ ਸਿੰਘ, ਬਲਕਾਰ ਸਿੰਘ, ਜਸਪਾਲ ਸਿੰਘ, ਧਰਮਪਾਲ ਸਿੰਘ ਆਦਿ ਹਾਜਰ ਸਨ।

ਪਿੰਡ ਪਥਰਾਲੀਆਂ 'ਚ ਨੌਜਵਾਨ ਸਭਾ ਵਲੋਂ ਦਿੱਲੀ ਕਿਸਾਨ ਸੰਘਰਸ਼ ਵਿਚ ਭਾਗ ਲੈਣ ਵਾਲੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜਿਲ੍ਹਾ ਪ੍ਰਧਾਨ ਸਵਰਨ ਸਿੰਘ ਧੁੱਗਾ, ਜਨਰਲ ਸਕੱਤਰ ਓਮ ਸਿੰਘ ਸਟਿਆਣਾ, ਸਰਪੰਚ ਪਰਵਿੰਦਰ ਸਿੰਘ ਸੱਜਣ ਤੇ ਹੋਰਾਂ ਦਾ ਸਨਮਾਨ ਕਰਦੇ ਹੋਏ। ਤਸਵੀਰ: ਲੁਗਾਣਾ

ਕਿਸਾਨ ਸੰਘਰਸ਼ ਜਿੱਤ ਦੇ ਸ਼ੁਕਰਾਨੇ ਵਜੋਂ ਧਾਰਮਿਕ ਸਮਾਗਮ ਕਰਵਾਇਆ

ਬੁੱਲ੍ਹੋਵਾਲ 3 ਜਨਵਰੀ (ਲੁਗਾਣਾ)- ਗੁਰਦੁਆਰਾ ਸਿੰਘ ਸਭਾ 'ਚ ਪਿੰਡ ਪਥਰਾਲੀਆਂ ਦੇ ਸਮੂਹ ਇਲਾਕਾ ਵਾਸੀਆਂ ਵਲੋਂ ਕਿਸਾਨ ਸੰਘਰਸ਼ ਦੀ ਜਿੱਤ ਦੀ ਖੁਸ਼ੀ 'ਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜਿਲ੍ਹਾ ਪ੍ਰਧਾਨ ਸਵਰਨ ਸਿੰਘ ਧੁੱਗਾ, ਜਨਰਲ ਸਕੱਤਰ ਓਮ ਸਿੰਘ ਸਟਿਆਣਾ, ਸੀਨੀ. ਮੀਤ. ਪ੍ਰਧਾਨ ਸਤਪਾਲ ਸਿੰਘ ਡਡਿਆਣਾ, ਸਰਪੰਚ ਪਰਵਿੰਦਰ ਸਿੰਘ ਸੱਜਣ ਵਿੱਤ ਸਕੱਤਰ, ਪਵਿੱਤਰ ਸਿੰਘ ਧੁੱਗਾ, ਪ੍ਰਧਾਨ ਮਨਦੀਪ ਸਿੰਘ ਬਲਾਕ -1 ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਸਾਨ ਸੰਘਰਸ਼ ਵਿਚ ਸ਼ਾਮਲ ਹੋਏ ਕਿਸਾਨਾਂ, ਦੁਕਾਨਦਾਰਾਂ, ਮਜਦੂਰਾਂ ਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਜਥੇਬੰਦੀ ਆਗੂਆਂ ਦਾ ਨਗਰ ਵਲੋਂ ਦੁਸ਼ਾਲੇ ਤੇ ਸਿਰੋਪੇ ਪਾ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਹਰਦੀਪ ਸਿੰਘ ਸਰਪੰਚ ਅਖਲਾਸਪੁਰ, ਪ੍ਰਿਤਪਾਲ ਸਿੰਘ ਸਟਿਆਣਾ, ਅਮਰੀਕ ਸਿੰਘ ਖਾਨਪੁਰ, ਕਰਨਜੋਤ ਸਿੰਘ, ਹਰਭਜਨ ਸਿੰਘ ਪੰਡੋਰੀ ਮਾਇਲ, ਨਵਕੀਰਤ ਸਿੰਘ, ਹਰਮੇਲ ਸਿੰਘ ਅਧਿਕਾਰੇ, ਹਰਜੀਤ ਸਿੰਘ, ਭਾਈ ਜਗਤਾਰ ਸਿੰਘ, ਜਸਪ੍ਰੀਤ ਸਿੰਘ ਤੇ ਕੁਲਵਿੰਦਰ ਸਿੰਘ ਵੀ ਹਾਜਰ ਸਨ।

ਕਾਂਗਰਸ-ਭਾਜਪਾ ਦੀ ਸੱਤਾ ਹਥਿਆਉਣ ਵਾਲੀ ਸਾਜਿਸ਼ ਨਾਕਾਮ ਕਰਾਂਗੇ - ਸਰਬਜੋਤ ਸਿੰਘ ਸਾਬੀ

ਹਲਕੇ ਦੇ ਪਿੰਡ ਨੰਗਲ ਅਵਾਨ ਵਿਖੇ ਹੋਈ ਗੱਠਜੋੜ ਦੀ ਭਰਵੀਂ ਮੀਟਿੰਗ

ਭੰਗਾਲਾ, 3 ਜਨਵਰੀ (ਬਲਵਿੰਦਰਜੀਤ ਸਿੰਘ ਸੈਣੀ)- ਜਿਵੇਂ-ਜਿਵੇਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਨਜ਼ਦੀਕ ਆ ਰਹੀਆਂ ਹਨ ਤਿਵੇਂ-ਤਿਵੇਂ ਸੂਬੇ ਦੀ ਕਾਂਗਰਸ ਤੇ ਕੇਂਦਰ ਦੀ ਭਾਜਪਾ ਸਰਕਾਰ ਵਲੋਂ ਪੰਜਾਬ ਦੇ ਮਾਹੌਲ ਨੂੰ ਖ਼ਰਾਬ ਕਰਨ ਦੀਆਂ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ ਤਾਂ ਜੋ ਇਹ ਪਾਰਟੀਆਂ ਜਿੱਤ ਦਰਜ ਕਰ ਸਕਣ। ਲੇਕਿਨ ਇਹ ਪਾਰਟੀਆਂ ਆਪਣੇ ਬੁਰੇ ਇਰਾਦਿਆਂ ਵਿਚ ਕਦੇ ਵੀ ਕਾਮਯਾਬ ਨਹੀਂ ਹੋਣਗੀਆਂ ਤੇ ਆਖ਼ਿਰ ਸੂਬੇ ਦੇ ਲੋਕ ਅਕਾਲੀ -ਬਸਪਾ ਗੱਠਜੋੜ ਦੀ ਸਰਕਾਰ ਬਣਾਉਣਗੇ। ਇਹ ਪ੍ਰਗਟਾਵਾ ਵਿਧਾਨ ਸਭਾ ਹਲਕੇ ਮੁਕੇਰੀਆਂ ਵਿਚ ਪੈਂਦੇ ਪਿੰਡ ਨੰਗਲ ਅਵਾਨ ਵਿਖੇ ਪਿੰਡ ਵਾਸੀਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਗੱਠਜੋੜ ਦੇ ਉਮੀਦਵਾਰ ਸ. ਸਰਬਜੋਤ ਸਿੰਘ ਸਾਬੀ ਵਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਿਛਲੇ ਲਗਭਗ 5 ਸਾਲਾਂ ਦੌਰਾਨ ਕਾਂਗਰਸ ਸਰਕਾਰ ਬੇਅਦਬੀ ਦੇ ਦੋਸ਼ੀਆਂ ਨੂੰ ਸਜਾ ਦਿਵਾਉਣ ਵਿਚ ਅਸਫਲ ਰਹੀ ਹੈ। ਉਨ੍ਹਾਂ ਕਿਹਾ ਮੌਜੂਦਾ ਸਰਕਾਰ ਦਾ ਧਿਆਨ ਚੋਣ ਪ੍ਰਚਾਰ ਦੌਰਾਨ ਕਾਂਗਰਸੀਆਂ ਦੀ ਬਰਾਤ ਦਾ ਲਾੜਾ ਕੌਣ ਹੋਵੇਗਾ? ਵੱਲ ਹੈ। ਸਰਬਜੋਤ ਸਾਬੀ ਨੇ ਕਿਹਾ ਕਿ 2022 ਵਿਚ ਸੂਬੇ ਦੇ ਲੋਕ ਅਕਾਲੀ -ਬਸਪਾ ਗੱਠਜੋੜ ਦੀ ਸਰਕਾਰ ਬਣਾਉਣਗੇ। ਇਸ ਮੌਕੇ ਨੰਬਰਦਾਰ ਠਾਕੁਰ ਹਰਦੇਵ ਸਿੰਘ, ਅਨਿਲ ਠਾਕੁਰ, ਮਲਕੀਤ ਸਿੰਘ, ਖ਼ੁਸ਼ਹਾਲ ਚੰਦ, ਗੁਰਮੀਤ ਬੱਧਣ, ਸੀਤਾ ਰਾਮ ਦੁਗਰੀ, ਕੁਮਾਰ, ਠਾਕੁਰ ਪ੍ਰੇਮ ਸਿੰਘ, ਠਾਕੁਰ ਸਾਜੂ ਸਿੰਘ, ਮਲਕੀਤ ਸਿੰਘ, ਸੋਹਣ ਲਾਲ,

ਪਿੰਡ ਵਾਸੀਆਂ ਦੇ ਨਾਲ ਮੀਟਿੰਗ ਦੌਰਾਨ ਸੰਬੋਧਨ ਕਰਦੇ ਹੋਏ ਸਰਬਜੋਤ ਸਿੰਘ ਸਾਬੀ, ਨਾਲ ਅਨਿਲ ਠਾਕੁਰ, ਨੰਬਰਦਾਰ ਠਾਕੁਰ ਹਰਦੇਵ ਸਿੰਘ ਤੇ ਹੋਰ। ਤਸਵੀਰ : ਬਲਵਿੰਦਰਜੀਤ ਸਿੰਘ ਸੈਣੀ

ਅਮਰੀਕ ਸਿੰਘ ਜਲਾਲਾ, ਰੋਹਿਤ ਕੁਮਾਰ ਭੰਗਾਲਾ, ਅਮਨ ਚਿਬ ਭੰਗਾਲਾ, ਨੀਰਜ ਨਰੇਸ਼ ਕੁਮਾਰੀ, ਪਵਨ ਮਿਨਹਾਸ ਆਦਿ ਹੋਰ ਪਿੰਡ ਵਾਸੀ ਹਾਜ਼ਰ ਸਨ।

ਨਮ ਅੱਖਾਂ ਨਾਲ ਹੁਸ਼ਿਆਰਪੁਰ ਆਟੋਮੋਬਾਇਲ ਦੇ ਐਮ. ਡੀ. ਅਜਵਿੰਦਰ ਸਿੰਘ ਨੂੰ ਦਿੱਤੀ ਅੰਤਿਮ ਵਿਦਾਇਗੀ

ਹੁਸ਼ਿਆਰਪੁਰ, 3 ਜਨਵਰੀ (ਬਲਜਿੰਦਰਪਾਲ ਸਿੰਘ, ਹਰਪ੍ਰੀਤ ਕੌਰ)-ਸਿੱਖ ਵੈੱਲਫੇਅਰ ਸੁਸਾਇਟੀ ਹੁਸ਼ਿਆਰਪੁਰ, ਸੈਨੀਬਾਰ ਐਜੂਕੇਸ਼ਨਲ ਕਮੇਟੀ ਦੇ ਪ੍ਰਧਾਨ ਤੇ ਹੁਸ਼ਿਆਰਪੁਰ ਆਟੋਮੋਬਾਇਲ ਦੇ ਐਮ.ਡੀ. ਸ: ਅਜਵਿੰਦਰ ਸਿੰਘ ਜਿਨ੍ਹਾਂ ਦਾ ਬੀਤੇ ਦਿਨ ਦਿਹਾਂਤ ਹੋ ਗਿਆ ਸੀ, ਦਾ ਅੰਤਿਮ ਸੰਸਕਾਰ ਅੱਜ ਅਨੇਕਾਂ ਨਮ ਅੱਖਾਂ ਨਾਲ ਸਥਾਨਕ ਹਰਿਆਣਾ ਰੋਡ 'ਤੇ ਸਥਿਤ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ, ਚਿਖਾ ਨੂੰ ਅਗਨੀ ਉਨ੍ਹਾਂ ਦੇ ਪੁੱਤਰ ਗੁਰਪ੍ਰੀਤ ਸਿੰਘ ਵਲੋਂ ਦਿਖਾਈ ਗਈ। ਉਨ੍ਹਾਂ ਦੇ ਗ੍ਰਹਿ 20-ਐਲ, ਮਾਡਲ ਟਾਊਨ ਹੁਸ਼ਿਆਰਪੁਰ ਤੋਂ ਦੁਪਹਿਰ 12 ਵਜੇ ਸ਼ੁਰੂ ਹੋਈ ਅੰਤਿਮ ਯਾਤਰਾ 'ਚ ਵੱਖ-ਵੱਖ ਧਾਰਮਿਕ, ਸਮਾਜਿਕ ਤੇ ਰਾਜਨੀਤਕ ਜਥੇਬੰਦੀਆਂ ਦੇ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼ਹਿਰ ਵਾਸੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀਮਤੀ ਸਰਬਜੀਤ ਕੌਰ ਟਰੱਸਟੀ 'ਅਜੀਤ ਪ੍ਰਕਾਸ਼ਨ ਸਮੂਹ', ਮੈਡਮ ਗੁਰਜੋਤ ਕੌਰ ਸੀਨੀਅਰ ਐਗਜ਼ੀਕਿਊਟਿਵ, ਗਿਆਨੀ ਰਘਵੀਰ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ, ਮਹੰਤ ਪ੍ਰਿਤਪਾਲ ਸਿੰਘ ਸੇਵਾਪੰਥੀ, ਸੰਤ ਅਜੀਤ ਸਿੰਘ ਮਿੱਠਾ ਟਿਵਾਣਾ, ਜਥੇ: ਬਾਬਾ ਗੁਰਦੇਵ ਸਿੰਘ ਮੁਖੀ ਸਾਹਿਬਜ਼ਾਦਾ ਬਾਬਾ ਫ਼ਤਹਿ ਸਿੰਘ ਤਰਨਾ ਦਲ, ਸੰਤ ਹਰਦੇਵ ਸਿੰਘ ਤਲਵੰਡੀ ਅਰਾਈਆਂ, ਮਹੰਤ ਰਮਿੰਦਰ ਦਾਸ, ਸੰਤ ਹਰਮਨਜੀਤ ਸਿੰਘ ਸਿੰਗੜੀਵਾਲਾ, ਸੰਤ ਬਲਵੀਰ ਸਿੰਘ ਹਰਿਆਣਾ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ, ਸੰਤ ਬਲਵੀਰ ਸਿੰਘ ਟਿੱਬਾ ਸਾਹਿਬ, ਸੰਤ ਰਣਜੀਤ ਸਿੰਘ ਦਸਮੇਸ਼ ਨਗਰ, ਅੰਮ੍ਰਿਤ ਸਾਗਰ ਮਿੱਤਲ ਵਾਇਸ ਚੇਅਰਮੈਨ ਸੋਨਾਲੀਕਾ ਗਰੁੱਪ, ਵਰਿੰਦਰ ਸਿੰਘ ਬਾਜਵਾ ਸਾਬਕਾ ਸਾਂਸਦ, ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਜ਼ਿਲ੍ਹਾ ਪ੍ਰਧਾਨ ਅਕਾਲੀ ਦਲ (ਦਿਹਾਤੀ), ਜਤਿੰਦਰ ਸਿੰਘ ਲਾਲੀ ਬਾਜਵਾ ਜ਼ਿਲ੍ਹਾ ਪ੍ਰਧਾਨ ਅਕਾਲੀ ਦਲ (ਸ਼ਹਿਰੀ), ਕੁਲਜੀਤ ਸਿੰਘ ਲੱਕੀ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਅਕਾਲੀ ਦਲ ਸ਼ਹੀਦ ਭਗਤ ਸਿੰਘ ਨਗਰ, ਸੋਹਣ ਸਿੰਘ ਠੰਡਲ ਸਾਬਕਾ ਮੰਤਰੀ, ਬੀਬੀ ਮਹਿੰਦਰ ਕੌਰ ਜੋਸ਼ ਸਾਬਕਾ ਮੁੱਖ ਸੰਸਦੀ ਸਕੱਤਰ, ਵਿਧਾਇਕ ਸੁੰਦਰ ਸ਼ਾਮ ਅਰੋੜਾ, ਵਿਧਾਇਕ ਡਾ: ਰਾਜ ਕੁਮਾਰ, ਅਵਿਨਾਸ਼ ਰਾਏ ਖੰਨਾ ਸਾਬਕਾ ਸਾਂਸਦ, ਬਲਵੀਰ ਸਿੰਘ ਮਿਆਣੀ ਸਾਬਕਾ ਮੰਤਰੀ, ਅਰਵਿੰਦਰ ਸਿੰਘ ਰਸੂਲਪੁਰ, ਲਖਵਿੰਦਰ ਸਿੰਘ ਲੱਖੀ ਗਿਲਜੀਆਂ, ਵਰਿੰਦਰ ਸਿੰਘ ਪਰਹਾਰ, ਜਸਵਿੰਦਰ ਸਿੰਘ ਪਰਮਾਰ, ਹਰਬੰਸ ਸਿੰਘ ਮੰਝਪੁਰ, ਈਸ਼ਰ ਸਿੰਘ ਮੰਝਪੁਰ, ਸਤਵਿੰਦਰਪਾਲ ਸਿੰਘ ਰਾਮਦਾਸਪੁਰ, ਅਵਤਾਰ ਸਿੰਘ ਜੌਹਲ, ਅਮਨ ਪਾਬਲਾ, ਕੁਲਵਿੰਦਰ ਸਿੰਗਲਾ ਨਵਾਂਸ਼ਹਿਰ, ਪਰਮ ਖ਼ਾਲਸਾ, ਜਸਮੀਤ ਨਾਰੰਗ, ਹਰਸਿਮਰਨ ਸਿੰਘ ਹਰਜੀ ਬਾਜਵਾ, ਬਰਿੰਦਰ ਸਿੰਘ ਪਰਮਾਰ, ਪਰਮਜੀਤ ਸਿੰਘ ਸਚਦੇਵਾ, ਚਰਨਜੀਤ ਸਿੰਘ ਰਿਟਾ: ਐਸ.ਐਸ.ਪੀ., ਡੀ.ਐਸ.ਪੀ. ਦਲਜੀਤ ਸਿੰਘ ਖੱਖ, ਅਵਤਾਰ ਸਿੰਘ ਕਪੂਰ, ਗੁਰਿੰਦਰ ਸਿੰਘ ਗੋਲਡੀ, ਕਾ: ਗੁਰਮੇਸ਼ ਸਿੰਘ, ਐਡਵੋਕੇਟ ਅਮਰੀਕ ਸਿੰਘ ਜਲੰਧਰ, ਐਡਵੋਕੇਟ ਰੋਹਿਤ ਜੋਸ਼ੀ, ਐਡਵੋਕੇਟ ਬਲਦੇਵ ਸਿੰਘ, ਗੁਰਮੀਤ ਸਿੰਘ ਫੁਗਲਾਣਾ, ਮੇਅਰ ਸੁਰਿੰਦਰ ਕੁਮਾਰ, ਐਡਵੋਕੇਟ ਰਾਕੇਸ਼ ਮਰਵਾਹਾ ਚੇਅਰਮੈਨ ਨਗਰ ਸੁਧਾਰ ਟਰੱਸਟ, ਜਸਮੀਤ ਸਿੰਘ ਪਾਹਵਾ, ਸਾਹਿਲ ਸਾਂਪਲਾ, ਕਰਨਜੀਤ ਸਿੰਘ ਰਿੱਕੀ, ਐਡਵੋਕੇਟ ਐਚ.ਐਸ. ਸੈਣੀ ਰਿਟਾ: ਚੀਫ਼ ਇੰਜੀਨੀਅਰ, ਰਿਟਾ: ਨਾਇਬ ਤਹਿਸੀਲਦਾਰ ਮਨਜੀਤ ਸਿੰਘ, ਕੁਲਆਜ਼ਾਦ ਸਿੰਘ ਖੱਖ, ਪਰਮਜੀਤ ਸਿੰਘ ਪੰਮੀ ਭੂੰਗਾ, ਕੁਲਵੰਤ ਸਿੰਘ ਸੈਣੀ, ਨੰਬਰਦਾਰ ਭੁਪਿੰਦਰ ਸਿੰਘ ਹੇੜੀਆਂ, ਜਸਪਾਲ ਚੇਚੀ, ਖ਼ੈਰਤੀ ਲਾਲ ਕਤਨਾ, ਸੰਤੋਖ ਸਿੰਘ ਔਜਲਾ, ਸ਼ਾਦੀ ਲਾਲ, ਡਾ: ਰਮਨ ਘਈ, ਹਰੀਸ਼ ਸੈਣੀ, ਨਿਪੁੰਨ ਸ਼ਰਮਾ, ਪਰਮਿੰਦਰ ਸਿੰਘ ਪੰਨੂੰ, ਬਲਰਾਜ ਸਿੰਘ ਚੌਹਾਨ, ਸੰਦੀਪ ਸੈਣੀ, ਮਨਜੀਤ ਸਿੰਘ ਰੌਬੀ, ਪਰਵਿੰਦਰ ਸਿੰਘ ਸੱਜਣ, ਸਤਵੰਤ ਸਿੰਘ ਸਿਆਣ, ਚਰਨਜੀਤ ਸਿੰਘ, ਡੀ.ਐਸ.ਪੀ. ਮਲਕੀਤ ਸਿੰਘ, ਸਰਬਜੀਤ ਸਿੰਘ ਮੋਮੀ, ਕਿਰਪਾਲ ਸਿੰਘ ਪੰਡੋਰੀ ਆਦਿ ਸਮੇਤ ਵੱਡੀ ਗਿਣਤੀ 'ਚ ਇਲਾਕਾ ਵਾਸੀ ਹਾਜ਼ਰ ਸਨ। ਸਵ: ਅਜਵਿੰਦਰ ਸਿੰਘ ਨਮਿੱਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 6 ਜਨਵਰੀ ਦਿਨ ਵੀਰਵਾਰ ਨੂੰ ਗੁਰਦੁਆਰਾ ਮਿੱਠਾ ਟਿਵਾਣਾ, ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਦੁਪਹਿਰ 12 ਵਜੇ ਤੋਂ 1:30 ਵਜੇ ਤੱਕ ਹੋਵੇਗੀ।

ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ 6 ਨੂੰ

ਸਵ: ਅਜਵਿੰਦਰ ਸਿੰਘ ਦੀ ਅੰਤਿਮ ਯਾਤਰਾ ਮੌਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ, ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਜਤਿੰਦਰ ਸਿੰਘ ਲਾਲੀ ਬਾਜਵਾ, ਹਰਬੰਸ ਸਿੰਘ ਮੰਝਪੁਰ, ਬਾਬਾ ਗੁਰਦੇਵ ਸਿੰਘ, ਸੰਤ ਹਰਦੇਵ ਸਿੰਘ ਤਲਵੰਡੀ ਅਰਾਈਆਂ ਤੇ ਹੋਰ। (ਸੱਜੇ) ਸਸਕਾਰ ਮੌਕੇ ਸ: ਅਜਵਿੰਦਰ ਸਿੰਘ ਦੀ ਚਿਖਾ ਨੂੰ ਅਗਨੀ ਭੇਟ ਕਰਦੇ ਹੋਏ ਉਨ੍ਹਾਂ ਦਾ ਪੁੱਤਰ ਗੁਰਪ੍ਰੀਤ ਸਿੰਘ। ਤਸਵੀਰਾਂ : ਹਮਸ਼ਾਇਨ ਸਟੂਡੀਓ

ਮੀਟਿੰਗ ਦੌਰਾਨ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਅਤੇ ਹੋਰ। ਤਸਵੀਰ : ਕੌਸ਼ਲ

ਆਮ ਆਦਮੀ ਪਾਰਟੀ ਦੀ ਮੀਟਿੰਗ ਹੋਈ

ਦਸੂਹਾ, 3 ਜਨਵਰੀ (ਕੌਸ਼ਲ)- ਵਿਧਾਨ ਸਭਾ ਹਲਕਾ ਦਸੂਹਾ ਦੇ ਪਿੰਡ ਬੇਰਛਾ ਵਿਖੇ ਆਮ ਆਦਮੀ ਪਾਰਟੀ ਦੀ ਮੀਟਿੰਗ ਸਰਕਲ ਪ੍ਰਧਾਨ ਲਖਵਿੰਦਰ ਸਿੰਘ ਦੀ ਅਗਵਾਈ ਵਿਚ ਹੋਈ ਜਿਸ ਵਿਚ ਆਮ ਆਦਮੀ ਪਾਰਟੀ ਦੇ ਹਲਕੇ ਤੋਂ ਉਮੀਦਵਾਰ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਸਮੂਹ ਪਿੰਡ ਵਾਸੀਆਂ ਵਲੋਂ ਐਡਵੋਕੇਟ ਘੁੰਮਣ ਦਾ ਟਿਕਟ ਮਿਲਣ 'ਤੇ ਸਨਮਾਨ ਕੀਤਾ ਗਿਆ ਤੇ ਪੂਰਨ ਤੌਰ 'ਤੇ ਆਮ ਆਦਮੀ ਪਾਰਟੀ ਦਾ ਸਾਥ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਐਡਵੋਕੇਟ ਘੁੰਮਣ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਦੂਸਰੀਆਂ ਰਵਾਇਤੀ ਪਾਰਟੀਆਂ ਨਾਲੋਂ ਅਲੱਗ ਹਨ ਕਿਉਂਕਿ ਆਪ ਨੇ ਦਿੱਲੀ ਦੇ ਵਿਚ ਕੰਮ ਕਰਕੇ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਰਿਵਾਇਤੀ ਪਾਰਟੀਆਂ ਵੋਟਾਂ ਤੋਂ ਬਾਅਦ ਆਮ ਲੋਕਾਂ ਤੋਂ ਦੂਰ ਹੋ ਜਾਂਦੀਆਂ ਹਨ ਪਰ ਪਾਰਟੀ ਨੇ ਦਿੱਲੀ ਦੇ ਵਿਚ ਆਮ ਲੋਕਾਂ ਨੂੰ ਜੋ ਸਹੂਲਤਾਂ ਦਿੱਤੀਆਂ ਹਨ, ਉਹ ਹੀ ਮਾਡਲ ਪੰਜਾਬ ਦੇ ਵਿਚ ਲਾਗੂ ਕਰਨਾ ਚਾਹੁੰਦੇ ਹਨ। ਉਨ੍ਹਾਂ ਕਿਹਾ ਪੰਜਾਬ ਦੇ ਲੋਕ ਵੀ ਵਧੀਆ ਹਸਪਤਾਲ, ਵਧੀਆ ਸਕੂਲ, ਭ੍ਰਿਸ਼ਟਾਚਾਰ ਮੁਕਤ ਸ਼ਾਸਨ, ਰੁਜ਼ਗਾਰ ਅਤੇ ਵਧੀਆ ਸਹੂਲਤਾਂ ਦੀ ਮੰਗ ਕਰ ਰਹੇ ਹਨ ਪਰ ਅੱਜ ਤੱਕ ਕਿਸੇ ਵੀ ਸਰਕਾਰ ਨੇ ਆਮ ਲੋਕਾਂ ਦੀ ਗੱਲ ਨਹੀਂ ਸੁਣੀ। ਇਸ ਮੌਕੇ ਕੁਲਵੰਤ ਸਿੰਘ ਬੋਦਲ ਸਰਕਲ ਪ੍ਰਧਾਨ, ਅਮਰਪ੍ਰੀਤ ਸਿੰਘ ਖ਼ਾਲਸਾ, ਬਲਜਿੰਦਰ ਸਿੰਘ ਫ਼ੌਜੀ, ਕੌਂਸਲਰ ਸੰਤੋਖ ਤੋਖੀ, ਇੰਦਰਜੀਤ ਸਿੰਘ ਬੈਂਸ, ਰਸ਼ਪਾਲ ਸਿੰਘ ਪਾਲ, ਛਿੰਦਰਪਾਲ ਸਿੰਘ ਬੇਰਛਾ, ਸਤਨਾਮ ਸਿੰਘ ਬੋਦਲ, ਸੁਰਿੰਦਰ ਸਿੰਘ, ਕਰਨ ਬੇਰਛਾ, ਕਮਲ ਬੇਰਛਾ, ਬਾਊ ਸਤੀਸ਼ ਕੁਮਾਰ, ਰਾਜਬੀਰ ਸਿੰਘ ਹਾਜ਼ਰ ਸਨ।

ਜਨਮ ਦਿਨ ਮੁਬਾਰਕ

ਗੁਰਲੀਨ ਕੌਰ
ਪਿਤਾ : ਮਨਪ੍ਰੀਤ ਸਿੰਘ
ਮਾਤਾ : ਮਨਦੀਪ ਕੌਰ
ਪਿੰਡ : ਚਿਪੜਾ

ਵਰ੍ਹੇਗੰਢ ਮਨਾਈ

ਰਜਿੰਦਰਪਾਲ ਸਿੰਘ ਤੇ ਰਵਿੰਦਰ ਕੌਰ ਵਾਸੀ ਜਲੰਧਰ ਨੇ ਵਿਆਹ ਦੀ 9ਵੀਂ ਵਰ੍ਹੇਗੰਢ ਮਨਾਈ

ਅੱਜ ਬਿਜਲੀ ਬੰਦ ਰਹੇਗੀ

ਭੰਗਾਲਾ, 3 ਜਨਵਰੀ (ਸੈਣੀ)- 11 ਕੇ.ਵੀ. ਜੰਡਵਾਲ ਫੀਡਰ ਯੂ.ਪੀ.ਐਸ. ਦੀ ਜ਼ਰੂਰੀ ਮੈਨਟੀਨੈਂਸ ਕਰਕੇ 4 ਜਨਵਰੀ ਦਿਨ ਮੰਗਲਵਾਰ ਨੂੰ ਪਿੰਡਾਂ ਰੰਗਾ ਕਾਲੋਨੀ, ਜੰਡਵਾਲ, ਮਾਨਸਰ, ਚੱਕ ਕਲਾਂ, ਪੰਡੋਰੀ ਭਗਤ, ਮੀਰਪੁਰ ਆਦਿ ਪਿੰਡਾਂ ਦੀ ਸਪਲਾਈ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਬੰਦ ਰਹੇਗੀ। ਇਸ ਦੀ ਜਾਣਕਾਰੀ ਉਪਮੰਡਲ ਅਫ਼ਸਰ ਭੰਗਾਲਾ ਇੰਜੀਨੀਅਰ ਮਨੋਜ ਕੁਮਾਰ ਵਲੋਂ ਦਿੱਤੀ ਗਈ।

ਅਜਵਿੰਦਰ ਸਿੰਘ ਦੀ ਮੌਤ 'ਤੇ ਦੁੱਖ ਪ੍ਰਗਟ

ਦਸੂਹਾ, 3 ਜਨਵਰੀ (ਭੁੱਲਰ)- ਹੁਸ਼ਿਆਰਪੁਰ ਆਟੋਮੋਬਾਈਲ ਦੇ ਮੈਨੇਜਿੰਗ ਡਾਇਰੈਕਟਰ ਅਜਵਿੰਦਰ ਸਿੰਘ ਦੀ ਹੋਈ ਬੇਵਕਤੀ ਮੌਤ 'ਤੇ ਜਸਬੀਰ ਸਿੰਘ ਰੰਧਾਵਾ ਪ੍ਰਧਾਨ ਗੁਰੂ ਤੇਗ ਬਹਾਦਰ ਐਜੂਕੇਸ਼ਨ ਟਰੱਸਟ, ਦੀਪ ਗਗਨ ਸਿੰਘ ਹਨੀ ਗਿੱਲ, ਰੁਪਿੰਦਰ ਸਿੰਘ ਵਿੱਕੀ ਗਿੱਲ, ਡਿਪਟੀ ਕਲੈਕਟਰ ਸਿੰਚਾਈ ਵਿਭਾਗ ਅਮਨਪ੍ਰੀਤ ਸਿੰਘ ਮੰਨਾ, ਅੰਤਰਰਾਸ਼ਟਰੀ ਧਾਰਮਿਕ ਕਵੀ ਚੈਨ ਸਿੰਘ ਚੱਕਰਵਰਤੀ, ਭਾਜਪਾ ਆਗੂ ਜਗਪ੍ਰੀਤ ਸਿੰਘ ਸਾਹੀ, ਪ੍ਰਸ਼ੋਤਮ ਸਿੰਘ ਦੇਵੀਦਾਸ, ਐਡਵੋਕੇਟ ਸ਼ੁੱਭ ਸਰੋਚ, ਐਡਵੋਕੇਟ ਰਾਜਗੁਲਜਿੰਦਰ ਸਿੰਘ ਸਿੱਧੂ, ਪ੍ਰਿੰਸੀਪਲ ਨਵਦੀਪ ਸਿੰਘ ਵਿਰਕ, ਡਾ. ਸੁਖਦੇਵ ਸਿੰਘ, ਸਰਪੰਚ ਕੁਲਦੀਪ ਸਿੰਘ ਬਿੰਦ, ਬਲਵਿੰਦਰ ਸਿੰਘ ਕਾਲਾ ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਐੱਸ.ਸੀ. ਵਿੰਗ, ਭੁੱਲਾ ਸਿੰਘ ਰਾਣਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਸੇਵਾ ਦਲ, ਲਖਵਿੰਦਰ ਸਿੰਘ ਚੱਕ ਬਾਮੂ, ਪ੍ਰੋ. ਬਲਦੇਵ ਸਿੰਘ ਬੱਲੀ, ਸਤਪਾਲ ਸਿੰਘ ਕੱਲੋਵਾਲ ਆਦਿ ਨੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਲੋਂ ਨਵੇਂ ਸਾਲ ਮੌਕੇ ਨੌਜਵਾਨਾਂ ਨੂੰ ਮਿਲੇ ਰੁਜ਼ਗਾਰ ਸੰਬੰਧੀ ਨਿਯੁਕਤੀ ਪੱਤਰ ਸੌਂਪਦੇ ਹੋਏ ਡਿਪਟੀ ਕਮਿਸ਼ਨਰ ਅਪਨੀਤ ਰਿਆਤ। ਤਸਵੀਰ : ਹਮਸ਼ਾਇਨ ਸਟੂਡੀਓ

ਜ਼ਿਲ੍ਹਾ ਰੋਜ਼ਗਾਰ ਬਿਊਰੋ ਨੇ 11 ਨੌਜਵਾਨਾਂ ਨੂੰ ਉਨ੍ਹਾਂ ਦੀ ਪਸੰਦ ਦਾ ਰੋਜ਼ਗਾਰ ਦਿਵਾਇਆ

ਹੁਸ਼ਿਆਰਪੁਰ, 3 ਜਨਵਰੀ (ਬਲਜਿੰਦਰਪਾਲ ਸਿੰਘ, ਹਰਪ੍ਰੀਤ ਕੌਰ)- ਪੰਜਾਬ ਸਰਕਾਰ ਦੇ ਘਰ-ਘਰ ਰੋਜ਼ਗਾਰ ਮੁਹਿੰਮ ਤਹਿਤ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਲੋਂ ਜ਼ਿਲ੍ਹੇ ਦੇ 11 ਨੌਜਵਾਨਾਂ ਨੂੰ ਨਵੇਂ ਸਾਲ 'ਤੇ ਉਨ੍ਹਾਂ ਦੇ ਸੁਪਨਿਆਂ ਦਾ ਰੋਜ਼ਗਾਰ ਉਪਲਬੱਧ ਕਰਵਾ ਕੇ ਉਨ੍ਹਾਂ ਨੂੰ ਨਵੇਂ ਸਾਲ ਦਾ ਤੋਹਫ਼ਾ ਦਿੱਤਾ ਗਿਆ ਹੈ। ਉਕਤ ਸਾਰੇ ਨੌਜਵਾਨਾਂ ਦਾ ਡਿਪਟੀ ਕਮਿਸ਼ਨਰ ਅਪਨੀਤ ਰਿਆਤ ਵਲੋਂ ਨਿਯੁਕਤੀ ਪੱਤਰ ਦੇ ਕੇ ਉਨ੍ਹਾਂ ਦਾ ਉਤਸ਼ਾਹ ਵਧਾਇਆ ਗਿਆ। ਇਸ ਦੌਰਾਨ ਉਨ੍ਹਾਂ ਨੇ ਹੋਰ ਨੌਜਵਾਨਾਂ ਨੂੰ ਵੀ ਰੋਜ਼ਗਾਰ ਪ੍ਰਾਪਤ ਕਰਨ ਲਈ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਨਾਲ ਸੰਪਰਕ ਕਰਨ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਆਯੋਜਿਤ ਸੰਖੇਪ ਸਮਾਰੋਹ ਦੌਰਾਨ ਡਿਪਟੀ ਕਮਿਸ਼ਨਰ ਨੇ ਸਾਰਿਆਂ ਨੂੰ ਨਵੇਂ ਸਾਲ ਦੀਆਂ ਸ਼ੁੱਭ ਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਬਿਊਰੋ ਦੀ ਟੀਮ ਦੀ ਮਿਹਨਤ ਸਦਕਾ ਜ਼ਿਲ੍ਹੇ ਦੇ 11 ਨੌਜਵਾਨਾਂ ਨੂੰ ਨਵੇਂ ਸਾਲ 'ਤੇ 1.80 ਲੱਖ ਰੁਪਏ ਤੋਂ ਲੈ ਕੇ 2.60 ਲੱਖ ਰੁਪਏ ਤੱਕ ਦੇ ਸਾਲਾਨਾ ਪੈਕੇਜ 'ਤੇ ਉਨ੍ਹਾਂ ਦੀ ਯੋਗਤਾ ਦੇ ਹਿਸਾਬ ਨਾਲ ਉਨ੍ਹਾਂ ਦੀ ਪਸੰਦ ਦੀ ਨੌਕਰੀ ਦਿਵਾਈ ਗਈ ਹੈ, ਜਿਸ ਨਾਲ ਸਾਰੇ ਕਾਫ਼ੀ ਖ਼ੁਸ਼ ਹਨ। ਉਨ੍ਹਾਂ ਇਸ ਦੌਰਾਨ ਹੋਰ ਨੌਜਵਾਨਾਂ ਨੂੰ ਵੀ ਰੋਜ਼ਗਾਰ ਪ੍ਰਾਪਤ ਕਰਨ ਲਈ ਜ਼ਿਲ੍ਹਾ ਰੋਜ਼ਗਾਰ ਦਫ਼ਤਰ ਵਿਚ ਸੰਪਰਕ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਗੁਰਮੇਲ ਸਿੰਘ, ਪਲੇਸਮੈਂਟ ਅਫ਼ਸਰ ਮੰਗੇਸ਼ ਸੂਦ, ਕੈਰੀਅਰ ਕੌਂਸਲਰ ਅਦਿਤਿਆ ਰਾਣਾ ਵੀ ਮੌਜੂਦ ਸਨ।